BRITISH COLUMBIA HealthLinkBC

Punjabi - Number 25a
March 2016

# ਹੈਪੇਟਾਈਟਸ ਬੀ ਵੈਕਸੀਨ
## Hepatitis B Vaccine

**ਆਪਣੇ ਬੱਚੇ ਨੂੰ ਸੁਰੱਖਿਅਤ ਰੱਖੋ।**
**ਸਾਰੇ ਵੈਕਸੀਨ ਸਮੇਂ ਸਿਰ ਦਿਵਾਓ।**

ਸਮੇਂ ਸਿਰ ਵੈਕਸੀਨੇਸ਼ਨ ਕਰਵਾ ਕੇ ਤੁਹਾਡੇ ਬੱਚੇ ਦਾ ਜ਼ਿੰਦਗੀ-ਭਰ ਲਈ ਕਈ ਬਿਮਾਰੀਆਂ ਤੋਂ ਬਚਾਅ ਹੋ ਜਾਂਦਾ ਹੈ।

ਬੀਮਾਰੀਆਂ ਤੋਂ ਬਚਾਉਣ ਲਈ ਟੀਕਾਕਰਣ ਨੇ ਪਿਛਲੇ 50 ਸਾਲਾਂ ਵਿੱਚ ਕੈਨੇਡਾ ਵਿੱਚ ਸਿਹਤ ਸੰਬੰਧੀ ਕਿਸੇ ਵੀ ਹੋਰ ਜਤਨ ਨਾਲੋਂ ਜਿਆਦਾ ਜਾਨਾਂ ਬਚਾਈਆਂ ਹਨ।

### ਹੈਪੇਟਾਈਟਸ ਬੀ ਵੈਕਸੀਨ ਕੀ ਹੈ?

ਹੈਪੇਟਾਈਟਸ ਬੀ ਵੈਕਸੀਨ ਹੈਪੇਟਾਈਟਸ ਬੀ ਵਾਇਰਸ ਦੇ ਵਿਰੁੱਧ ਰੱਖਿਆ ਕਰਦੀ ਹੈ।ਇਹ ਵੈਕਸੀਨ ਹੈਲਥ ਕੈਨੇਡਾ ਦੁਆਰਾ ਮਾਨਤਾ ਪ੍ਰਾਪਤ ਹੈ।

### ਵੈਕਸੀਨ ਕਿਸ ਨੂੰ ਦਿੱਤੀ ਜਾਣੀ ਚਾਹੀਦੀ ਹੈ?

ਹੈਪੇਟਾਈਟਸ ਬੀ ਵੈਕਸੀਨ ਬੱਚਿਅ ਦੇ ਬੀਮਾਰੀਆਂ ਤੋਂ ਬਚਾਉਣ ਲਈ ਨੇਮਕ ਟੀਕਾਕਰਣ ਦੇ ਹਿੱਸੇ ਵਜੋਂ ਮੁਫਤ ਦਿੱਤੀ ਜਾਂਦੀ ਹੈ। ਇਹ ਆਮ ਤੌਰ 'ਤੇ ਬਚਪਨ ਵਿਚ ਦਿੱਤੀਆਂ ਜਾਣ ਵਾਲੀਆਂ ਹੋਰ ਵੈਕਸੀਨਾਂ ਜਿਵੇਂ ਕਿ ਡਿਪਥੀਰੀਆ, ਟੈਟਨਸ, ਪਰਟੁਸਿਸਸ, ਪੋਲੀਓ ਅਤੇ ਹੀਮੋਫੀਲਸ ਇੰਨਫਲਐਂਜ਼ਾ ਕਿਸਮ ਬੀ ਦੇ ਨਾਲ ਜੋੜਿਆ ਜਾਂਦਾ ਹੈ। ਹੋਰ ਜਾਣਕਾਰੀ ਲਈ, HealthLinkBC File #105 ਡਿਫਥੇਰੀਆ, ਟੈਟਨਸ, ਪਰਟੂਸਸ, ਹੈਪਾਟਾਈਟਿਸ ਬੀ., ਪੋਲੀਓ ਅਤੇ *ਹੀਮੋਫਿਲਸ ਇੰਨਫਲੁਐਂਜ਼ੀ* ਟਾਈਪ ਬੀ. (DTaP- HB-IPV-Hib) ਵੈਕਸੀਨ ਦੇਖੋ।ਕੁਝ ਬੱਚੇ ਹੈਪੇਟਾਈਟਿਸ ਬੀ ਵੈਕਸੀਨ ਵੱਖਰੀ ਪ੍ਰਾਪਤ ਕਰ ਸਕਦੇ ਹਨ, ਵਧੇਰੇ ਜਾਣਕਾਰੀ HealthLinkBC File #25c ਹੈਪਾਟਾਈਟਿਸ ਬੀ ਇਨਫੈਂਟ ਵੈਕਸੀਨ ਦੇਖੋ।

ਇਹ ਵੈਕਸੀਨ 1980 ਜਾਂ ਉਸ ਤੋਂ ਬਾਦ ਪੈਦਾ ਹੋਏ ਅਜਿਹੇ ਲੋਕਾਂ ਨੂੰ ਮੁਫਤ ਦਿੱਤੀ ਜਾਂਦੀ ਹੈ ਜਿੰਨਾਂ ਨੂੰ ਕਦੇ ਵੀ ਵੈਕਸੀਨ ਨਹੀਂ ਦਿੱਤੀ ਗਈ ਹੈ ਜਾਂ ਉਨ੍ਹਾਂ ਦੀ ਉਮਰ ਲਈ ਸਿਫਾਰਸ਼ ਕੀਤੀਆਂ ਗਈਆਂ ਖੁਰਾਕਾਂ ਦੀ ਸੰਖਿਆ ਨਹੀਂ ਮਿਲੀ ਹੈ।

ਇਹ ਵੈਕਸੀਨ ਹੈਪੇਟਾਈਟਸ ਬੀ ਵਿਗਾੜ ਹੋਣ ਦੇ ਜਿਆਦਾ ਖਤਰੇ ਵਾਲੇ ਬੱਚਿਆਂ ਅਤੇ ਬਾਲਗਾਂ,ਨੂੰ ਮੁਫਤ ਦਿੱਤੀ ਜਾਂਦੀ ਹੈ ਜਿਸ ਵਿੱਚ ਸ਼ਾਮਲ ਹਨ:

- 12 ਸਾਲ ਤੋਂ ਘੱਟ ਉਮਰ ਦੇ ਬੱਚੇ ਜਿੰਨਾਂ ਦੇ ਪਰਿਵਾਰ ਉਨ੍ਹਾਂ ਖੇਤਰਾਂ ਤੋਂ ਇਥੇ ਆਏ ਹਨ ਜਿਥੇ ਹੈਪੇਟਾਈਟਸ ਬੀ ਦੀਆਂ ਉੱਚੀਆਂ ਦਰਾਂ ਹਨ।
- ਅੰਤਰਰਾਸ਼ਟਰੀ ਰੂਪ ਨਾਲ ਗੋਦ ਲਏ ਗਏ ਬੱਚਿਆਂ ਦੇ ਘਰੇਲੂ ਸੰਪਰਕ।
- ਹੈਪੇਟਾਈਟਸ ਬੀ ਵਾਲੇ ਕਿਸੇ ਵਿਅਕਤੀ ਦੇ ਘਰੇਲੂ ਅਤੇ ਲਿੰਗੀ ਸੰਪਰਕ।
- ਅਜਿਹੇ ਪੁਰਸ਼ ਜਿੰਨਾਂ ਦਾ ਦੂਸਰੇ ਪੁਰਸ਼ਾਂ ਦੇ ਨਾਲ ਜਿਨਸੀ ਸੰਪਰਕ ਹੁੰਦਾ ਹੈ।
- ਉਹ ਲੋਕ ਜਿੰਨਾਂ ਦੇ ਬਹੁਤ ਸਾਰੇ ਲਿੰਗੀ ਸਾਥੀ ਹੁੰਦੇ ਹਨ ਜਾਂ ਜਿੰਨਾਂ ਨੂੰ ਹਾਲ ਹੀ ਵਿੱਚ ਲਿੰਗੀ ਸੰਪਰਕ ਨਾਲ ਫੈਲਣ ਵਾਲਾ ਵਿਗਾੜ ਹੋਇਆ ਹੈ।
- ਨਾਜਾਇਜ਼ ਡਰੱਗ ਵਰਤਣ ਵਾਲੇ ਅਤੇ ਉਨ੍ਹਾਂ ਦੇ ਜਿਨਸੀ ਸਾਥੀ।
- ਉਹ ਲੋਕ ਜਿੰਨਾਂ ਨੂੰ ਜਿਗਰ ਦੀ ਚਿਰਕਾਲੀ ਬੀਮਾਰੀ, ਹੈਪੇਟਾਈਟਸ ਸੀ ਹੈ, ਜਾਂ ਜਿੰਨਾਂ ਦਾ ਜਿਗਰ ਬਦਲਿਆ ਗਿਆ ਹੈ।
- ਉਹ ਲੋਕ ਜਿੰਨਾਂ ਵਿੱਚ ਪਰੀਡਾਇਲੇਸਿਸ,ਹੀਮੋਡਾਇਲੇਸਿਸ ਜਾਂ ਪੈਰੀਟੋਨੀਅਲ ਡਾਇਲੇਸਿਸ ਦੇ ਮਰੀਜ਼ਾਂ ਸਮੇਤ ਗੁਰਦੇ ਦੀ ਚਿਰਕਾਲੀ ਬੀਮਾਰੀ ਵਾਲੇ ਲੋਕ ਸ਼ਾਮਲ ਹਨ।
- ਉਹ ਲੋਕ ਜਿੰਨਾਂ ਦੇ ਗੁਰਦੇ ਜਾਂ ਸਟੈਮ ਸੈਲ ਬਦਲੇ ਗਏ ਹਨ।
- ਉਹ ਲੋਕ ਜਿੰਨਾਂ ਨੂੰ ਹੀਮੋਫੀਲੀਆ ਹੈ ਜਾਂ ਜਿੰਨਾਂ ਨੂੰ ਵਾਰ ਵਾਰ ਖੂਨ ਜਾਂ ਖੂਨ ਦੇ ਬਣੇ ਪਦਾਰਥ ਦਿੱਤੇ ਗਏ ਹਨ।
- ਉਹ ਲੋਕ ਜੋ ਐਚ ਆਈ ਵੀ ਪੌਜ਼ੀਟਿਵ ਹਨ।
- ਸੁਧਾਰਕ ਸਹੂਲਤ (ਜੇਲ) ਦੇ ਨਿਵਾਸੀ।
- ਬੱਚਿਆਂ ਦੀ ਦੇਖਭਾਲ ਵਾਲੀ ਕਿਸੇ ਅਜਿਹੀ ਥਾਂ ਵਿਚਲੇ ਅਧਿਆਪਕ,ਸਟਾਫ ਅਤੇ ਵਿਦਿਆਰਥੀ ਜਿਥੇ ਹੈਪੇਟਾਈਟਸ ਬੀ ਵਾਲਾ ਕੋਈ ਬੱਚੇ ਜਾਂਦਾ ਹੈ ਜਿਸਦਾ ਵਿਵਹਾਰ ਜਾਂ ਮੈਡੀਕਲ ਅਵਸਥਾ ਉਸ ਬੱਚੇ ਦੇ ਖੂਨ ਜਾਂ ਸਰੀਰਕ ਦ੍ਰਵਾਂ ਦੇ ਨਾਲ ਸੰਪਰਕ ਵਿੱਚ ਆਉਣ ਦੇ ਸੰਜੋਗਾਂ ਨੂੰ ਵਧਾ ਦਿੰਦਾ ਹੈ।
- ਵਿਕਾਸ ਸੰਬੰਧੀ ਚੁਨੌਤੀਆਂ ਵਾਲੇ ਲੋਕਾਂ ਲਈ ਸਮਾਜਕ ਗਰੁਪ ਹੋਮ ਵਿਚਲਾ ਸਟਾਫ ਜਾਂ ਨਿਵਾਸੀ।
- ਸਿਹਤ ਦੀ ਦੇਖਭਾਲ ਕਰਨ ਲਈ ਸਿਖਲਾਈ ਪ੍ਰਾਪਤ ਕਰਨ ਵਾਲੇ ਵਿਦਿਆਰਥੀ, ਸਿਹਤ ਦੀ ਦੇਖਭਾਲ ਕਰਨ ਵਾਲੇ ਕਰਮਚਾਰੀ, ਫਾਰਮੇਸਿਸਟ ਅਤੇ ਦੂਸਰੇ ਲੋਕ ਜਿੰਨਾਂ ਦੀ ਉਨ੍ਹਾਂ ਦੀਆਂ ਨੌਕਰੀਆਂ ਵਿੱਚ ਖੂਨ ਅਤੇ ਸਰੀਰਕ ਦ੍ਰਵਾਂ ਦੇ ਨਾਲ ਸੰਪਰਕ ਵਿੱਚ ਆਉਣ ਦੀ ਸੰਭਾਵਨਾ ਹੈ।

ਮੁਫਤ ਹੈਪੇਟਾਈਟਸ ਬੀ ਵੈਕਸੀਨ ਲਈ ਯੋਗ ਨਾ ਹੋਣ ਵਾਲਾ ਕੋਈ ਵੀ ਵਿਅਕਤੀ ਇਸ ਨੂੰ ਬਹੁਤਿਆਂ ਫਾਰਮੇਸੀਆਂ ਜਾਂ ਟਰੈਵਲ ਕਲੀਨਿਕਾਂ ਤੇ ਖਰੀਦ ਸਕਦਾ ਹੈ।

ਬੀਮਾਰੀਆਂ ਤੋਂ ਬਚਾਉਣ ਲਈ ਲਗਾਏ ਗਏ ਸਾਰੇ ਟੀਕਿਆਂ ਦਾ ਰਿਕਾਰਡ ਰੱਖਣਾ ਮਹੱਤਵਪੂਰਨ ਹੈ।

### ਵੈਕਸੀਨ ਦੇ ਕੀ ਲਾਭ ਹਨ?

ਹੈਪੇਟਾਈਟਸ ਬੀ ਵੈਕਸੀਨ ਬਹੁਤ ਹੀ ਪ੍ਰਭਾਵਸ਼ਾਲੀ ਹੈ। ਇਹ ਹੈਪੇਟਾਈਟਸ ਬੀ ਦੇ ਵਿਗਾੜ ਅਤੇ ਉਸ ਦੀਆਂ ਜਟਿਲਤਾਵਾਂ ਜਿਵੇਂ ਕਿ

ਜਿਗਰ ਨੂੰ ਸਥਾਈ ਨੁਕਸਾਨ, ਜੋ ਕਿ ਜਿਗਰ ਦੇ ਕੈਂਸਰ ਅਤੇ ਮੌਤ ਦਾ ਕਾਰਨ ਬਣ ਸਕਦਾ ਹੈ, ਦੇ ਵਿਰੁੱਧ ਰੱਖਿਆ ਕਰਦੀ ਹੈ। ਜਦੋਂ ਤੁਸੀ ਬੀਮਾਰੀਆਂ ਤੋਂ ਬਚਾਉਣ ਲਈ ਟੀਕੇ ਲਗਵਾਉਂਦੇ ਹੋ, ਤਾਂ ਤੁਸੀਂ ਦੂਜਿਆਂ ਦੀ ਰੱਖਿਆ ਕਰਨ ਵਿੱਚ ਵੀ ਮਦਦ ਕਰਦੇ ਹੋ।

## ਵੈਕਸੀਨ ਦੇ ਬਾਦ ਦੀਆਂ ਸੰਭਾਵੀ ਪ੍ਰਤੀਕ੍ਰਿਆਵਾਂ ਕੀ ਹਨ?

ਵੈਕਸੀਨਾਂ ਬਹੁਤ ਸੁਰੱਖਿਅਤ ਹੁੰਦੀਆਂ ਹਨ। ਵੈਕਸੀਨ ਲਗਵਾਉਣਾ ਹੈਪੇਟਾਈਟਸ ਬੀ ਦਾ ਸ਼ਿਕਾਰ ਹੋਣ ਤੋਂ ਜਿਆਦਾ ਸੁਰੱਖਿਅਤ ਹੈ।

ਵੈਕਸੀਨਾਂ ਦੀਆਂ ਆਮ ਪ੍ਰਤੀਕ੍ਰਿਆਵਾਂ ਵਿੱਚ ਵੈਕਸੀਨ ਦਿੱਤੇ ਜਾਣ ਵਾਲੀ ਬਾਂਹ ਵਿੱਚ ਜਲਨ, ਲਾਲੀ, ਅਤੇ ਸੋਜ ਸ਼ਾਮਲ ਹੋ ਸਕਦੇ ਹਨ। ਕੁਝ ਹਲਕੇ ਬੁਖਾਰ ਦਾ ਅਨੁਭਵ ਵੀ ਕਰ ਸਕਦੇ ਹਨ।

ਅਸੀਟਾਮੇਨੋਫੇਨ (Acetaminophen) (ਉਦਾਹਰਣ ਲਈ ਟਾਇਲੇਨੌਲ (Tylenol®)) ਜਾਂ ਆਈਬਿਊਪ੍ਰੋਫੇਨ (ibuprofen*) (ਉਦਾਹਰਣ ਲਈ ਐਡਵਿਲ (Advil®)) ਬੁਖਾਰ ਜਾਂ ਜਲਨ ਲਈ ਦਿੱਤੀ ਜਾ ਸਕਦੀ ਹੈ।ਏਐਸਏ (ASA) (ਉਦਾਹਰਣ ਲਈ ਐਸਪਰੀਨ (Aspirin®)) ਰੇ ਸਿੰਡਰੋਮ ਦੇ ਖਤਰੇ ਕਰਕੇ 18 ਸਾਲਾਂ ਤੋਂ ਘੱਟ ਉਮਰ ਦੇ ਕਿਸੇ ਵਿਅਕਤੀ ਨੂੰ ਨਹੀਂ ਦਿੱਤੀ ਜਾਣੀ ਚਾਹੀਦੀ।

* 6 ਮਹੀਨਿਆਂ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਪਹਿਲਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਦੇ ਨਾਲ ਗੱਲ ਕੀਤੇ ਬਿਨਾਂ ਆਈਬਿਊਪ੍ਰੋਫੇਨ ਨਹੀਂ ਦਿੱਤੀ ਜਾਣੀ ਚਾਹੀਦੀ।

ਰਾਈ ਸਿੰਡਰੋਮ ਬਾਰੇ ਹੋਰ ਜ਼ਿਆਦਾ ਜਾਣਕਾਰੀ ਲਈ ਹੈਲਥਲਿੰਕ ਬੀ.ਸੀ. ਫ਼ਾਈਲ HealthLinkBC File #84 ਰਾਈ ਸਿੰਡਰੋਮ ਦੇਖੋ।

ਕੋਈ ਵੀ ਵੈਕਸੀਨ ਲਗਵਾਉਣ ਤੋਂ ਬਾਦ 15 ਮਿੰਟ ਤੱਕ ਕਲੀਨਿਕ ਵਿੱਚ ਰਹਿਣਾ ਜਰੂਰੀ ਹੈ ਕਿਉਂਕਿ ਐਨਾਫਲਾਕਸਿਸ ਨਾਮ ਦੀ ਜੀਵਨ ਨੂੰ ਖਤਰੇ ਵਿੱਚ ਪਾਉਣ ਵਾਲੀ ਅਲਰਜਿਕ ਪ੍ਰਤੀਕ੍ਰਿਆ ਦੀ ਅਤਿ ਵਿਰਲੀ, ਇੱਕ ਮਿਲੀਅਨ ਵਿੱਚੋਂ 1 ਤੋਂ ਵੀ ਘੱਟ, ਸੰਭਾਵਨਾ ਹੋ ਸਕਦੀ ਹੈ। ਇਸ ਵਿੱਚ ਛਪਾਕੀ, ਸਾਹ ਲੈਣ ਵਿੱਚ ਤਕਲੀਫ, ਜਾਂ ਗਲੇ, ਜੀਭ ਜਾਂ ਬੁਲਾਂ ਦੀ ਸੋਜ ਸ਼ਾਮਲ ਹੋ ਸਕਦੇ ਹਨ। ਜੇ ਅਜਿਹੀ ਪ੍ਰਤੀਕਿਰਿਆ ਹੁੰਦੀ ਹੈ ਤਾਂ ਤੁਹਾਡਾ ਸਿਹਤ ਸੰਭਾਲ ਪ੍ਰਦਾਤਾ ਇਸ ਦਾ ਇਲਾਜ ਕਰਨ ਲਈ ਤਿਆਰ ਹੈ।ਐਮਰਜੈਂਸੀ ਇਲਾਜ ਵਿੱਚ ਸ਼ਾਮਲ ਹੈ ਐਪੀਨੈਫਰਿੰਨ (ਐਡਰੇਨੇਲਿੰਨ) ਦੇਣਾ ਅਤੇ ਐਂਬੁਲੈਂਸ ਰਾਹੀਂ ਸਭ ਤੋਂ ਨਜ਼ਦੀਕੀ ਐਮਰਜੈਂਸੀ ਵਿਭਾਗ ਤੱਕ ਟਰਾਂਸਫਰ। ਜੇ ਲੱਛਣ ਤੁਹਾਡੇ ਕਲੀਨਿਕ ਤੋਂ ਜਾਣ ਤੋਂ ਬਾਦ ਵਿਕਸਤ ਹੁੰਦੇ ਹਨ, ਤਾਂ **9-1-1** ਜਾਂ ਸਥਾਨਕ ਐਮਰਜੈਂਸੀ ਨੰਬਰ ਉੱਤੇ ਫੋਨ ਕਰੋ।

ਸਾਰੀਆਂ ਗੰਭੀਰ ਜਾਂ ਅਣਿਆਈ ਪ੍ਰਤੀਕ੍ਰਿਆਵਾਂ ਬਾਰੇ ਆਪਣੇ ਸਿਹਤ ਸੰਭਾਲ ਪ੍ਰਦਾਤਾ ਨੂੰ ਹਮੇਸ਼ਾ ਦਸਣਾ ਮਹੱਤਵਪੂਰਨ ਹੈ।

## ਵੈਕਸੀਨ ਕਿਸ ਨੂੰ ਨਹੀਂ ਦਿੱਤੀ ਜਾਣੀ ਚਾਹੀਦੀ?

ਜੇ ਤੁਹਾਨੂੰ ਪਹਿਲਾਂ ਲਈ ਗਈ ਹੈਪੇਟਾਈਟਸ ਬੀ ਵੈਕਸੀਨ ਦੀ ਖੁਰਾਕ, ਜਾਂ ਵੈਕਸੀਨ ਦੇ ਕਿਸੇ ਵੀ ਅੰਸ਼ ਜਿਵੇਂ ਕਿ ਯੀਸਟ ਜਾਂ ਲੇਟੈਕਸ ਪ੍ਰਤੀ ਜੀਵਨ ਨੂੰ ਖਤਰੇ ਵਿੱਚ ਪਾਉਣ ਵਾਲੀ ਅਲਰਜਿਕ ਪ੍ਰਤੀਕ੍ਰਿਆ ਹੋਈ ਹੈ ਤਾਂ ਆਪਣੀ ਸਿਹਤ ਦੀ ਦੇਖਭਾਲ ਦਾ ਪ੍ਰਬੰਧ ਕਰਨ ਵਾਲੇ ਨਾਲ ਗੱਲ ਕਰੋ।

ਜ਼ੁਕਾਮ ਜਾਂ ਕਿਸੇ ਹੋਰ ਹਲਕੀ ਬੀਮਾਰੀ ਕਰਕੇ ਬੀਮਾਰੀਆਂ ਤੋਂ ਬਚਾਉਣ ਵਾਲੇ ਟੀਕੇ ਲਗਵਾਉਣ ਨੂੰ ਟਾਲਣ ਦੀ ਲੋੜ ਨਹੀਂ ਹੈ। ਪਰ, ਜੇ ਤੁਹਾਡੀਆਂ ਕੁਝ ਚਿੰਤਾਵਾਂ ਹਨ ਤਾਂ ਆਪਣੀ ਸਿਹਤ ਦੀ ਦੇਖਭਾਲ ਦਾ ਪ੍ਰਬੰਧ ਕਰਨ ਵਾਲੇ ਨਾਲ ਗੱਲ ਕਰੋ।

## ਹੈਪੇਟਾਈਟਸ ਬੀ ਵਿਗਾੜ ਕੀ ਹੈ?

ਹੈਪੇਟਾਈਟਸ ਬੀ ਇਕ ਅਜਿਹਾ ਵਾਇਰਸ ਹੈ ਜੋ ਜਿਗਰ ਤੇ ਹਮਲਾ ਕਰਦਾ ਹੈ। ਇਹ ਜਿਗਰ ਨੂੰ ਸਥਾਈ ਨੁਕਸਾਨ (ਸਿਰੋਸਿਸ) ਸਮੇਤ ਗੰਭੀਰ ਬੀਮਾਰੀ ਦਾ ਕਾਰਨ ਬਣ ਸਕਦਾ ਹੈ। ਹੈਪੇਟਾਈਟਸ ਬੀ ਜਿਗਰ ਦੇ ਕੈਂਸਰ, ਜੋ ਕਿ ਜਾਨਲੇਵਾ ਹੋ ਸਕਦਾ ਹੈ, ਦਾ ਮੁੱਖ ਕਾਰਨ ਹੈ। ਹੈਪੇਟਾਈਟਸ ਬੀ ਵਾਇਰਸ ਖੂਨ ਜਾਂ ਸਰੀਰਕ ਦ੍ਰਵਾਂ ਦੇ ਨਾਲ ਸੰਪਰਕ ਵਿੱਚ ਆਉਣ ਕਰਕੇ ਇਸ ਨਾਲ ਗ੍ਰਸਤ ਇੱਕ ਵਿਅਕਤੀ ਤੋਂ ਦੂਜੇ ਵਿਅਕਤੀ ਤੱਕ ਫੈਲਦਾ ਹੈ। ਇਸ ਵਿਚ ਅਚਾਨਕ ਜਾਂ ਜਾਣ ਬੁੱਝ ਕੇ ਵਰਤੀ ਹੋਈ ਸੂਈ ਚੁਭਾਏ ਜਾਣਾ, ਵਿਗਾੜ ਗ੍ਰਸਤ ਖੂਨ ਦੇ ਨਾਲ ਮੂੰਹ, ਨੱਕ ਜਾਂ ਅੱਖਾਂ ਵਿੱਚ ਛਿੜਕੇ ਜਾਣਾ, ਵਿਗਾੜ ਗ੍ਰਸਤ ਵਿਅਕਤੀ ਦੁਆਰਾ ਵੱਢੇ ਜਾਣਾ ਜਾਂ ਖੂਨ ਨਾਲ ਦੂਸ਼ਿਤ ਸਮਾਨ ਜਿਵੇਂ ਕਿ ਦੰਦਾਂ ਦਾ ਬਰੱਸ਼, ਡੇਂਟਲ ਫਲੋਸ ਜਾਂ ਰੇਜ਼ਰ ਸਾਂਝੇ ਕਰਨਾ ਸ਼ਾਮਲ ਹਨ। ਉਹ ਮਾਵਾਂ ਜੋ ਹੈਪੇਟਾਈਟਸ ਬੀ ਵਾਇਰਸ ਦੇ ਨਾਲ ਗ੍ਰਸਤ ਹਨ ਜਨਮ ਦੇਣ ਦੇ ਦੌਰਾਨ ਇਹ ਵਾਇਰਸ ਆਪਣੇ ਨਵੇਂ ਜਨਮੇ ਬੱਚਿਆਂ ਨੂੰ ਦੇ ਸਕਦੀਆਂ ਹਨ।

ਵਾਇਰਸ ਦੇ ਤੁਹਾਡੇ ਸਰੀਰ ਵਿੱਚ ਦਾਖਲ ਹੋਣ ਤੋਂ ਬਾਦ, ਬੀਮਾਰੀ ਦੇ ਲੱਛਣ ਜਾਂ ਚਿੰਨ੍ਹ ਵਿਕਸਤ ਹੋਣ ਵਿੱਚ ਆਮਤੌਰ ਤੇ 2 ਤੋਂ 3 ਮਹੀਨੇ ਲਗਦੇ ਹਨ।ਹੈਪੇਟਾਈਟਿਸ ਬੀ ਦੇ ਲੱਛਣਾਂ ਵਿੱਚ ਥਕਾਵਟ, ਬੁਖਾਰ, ਜੀਅ ਕੱਚਾ ਹੋਣਾ ਅਤੇ ਉਲਟੀਆਂ, ਭੁੱਖ ਨਾ ਲਗਣਾ, ਪੇਟ ਦਰਦ, ਗੂੜ੍ਹਾ ਪਿਸ਼ਾਬ, ਫ਼ਿੱਕੀਆਂ ਟੱਟੀਆਂ ਅਤੇ ਪੀਲੀਆ (ਚਮੜੀ ਅਤੇ ਅੱਖਾਂ ਦਾ ਪੀਲਾ ਹੋਣਾ) ਸ਼ਾਮਲ ਹੋ ਸਕਦੇ ਹਨ। ਹੈਪੇਟਾਈਟਸ ਬੀ ਨਾਲ ਗ੍ਰਸਤ ਹੋਣ ਵਾਲੇ ਬਹੁਤ ਸਾਰੇ ਲੋਕ ਕੋਈ ਵੀ ਲੱਛਣ ਨਹੀਂ ਦਰਸਾਉਂਦੇ ਅਤੇ ਸੰਭਵ ਹੈ ਉਨ੍ਹਾਂ ਨੂੰ ਪਤਾ ਹੀ ਨਾ ਹੋਏ ਕਿ ਉਨ੍ਹਾਂ ਨੂੰ ਇਹ ਬੀਮਾਰੀ ਹੈ। ਚਾਹੇ ਬੀਮਾਰੀ ਦੇ ਚਿੰਨ੍ਹ ਹੋਣ ਜਾਂ ਨਹੀਂ, ਤੁਸੀਂ ਦੂਸਰਿਆਂ ਤੱਕ ਇਹ ਵਾਇਰਸ ਫੈਲਾ ਸਕਦੇ ਹੋ।

## ਸਿਆਣੇ ਨਾਬਾਲਗਾਂ ਦੀ ਸਹਿਮਤੀ

ਸਿਫ਼ਾਰਸ਼ ਕੀਤੀ ਜਾਂਦੀ ਹੈ ਕਿ ਮਾਪੇ ਜਾਂ ਸਰਪ੍ਰਸਤ ਅਤੇ ਉਨ੍ਹਾਂ ਦੇ ਬੱਚੇ ਟੀਕਾਕਰਣ (ਇਮਿਊਨਾਈਜ਼ੇਸ਼ਨ) ਲਈ ਸਹਿਮਤੀ ਬਾਰੇ ਚਰਚਾ ਕਰਨ।19 ਸਾਲ ਤੋਂ ਘੱਟ ਉਮਰ ਦੇ ਉਹ ਬੱਚੇ ਜਿਹੜੇ ਹਰ ਵੈਕਸੀਨ ਦੇ ਲਾਭ ਅਤੇ ਸੰਭਵ ਪ੍ਰਤੀਕਿਰਿਆਵਾਂ ਅਤੇ ਇਮਿਊਨਾਈਜ਼ੇਸ਼ਨ ਨਾ ਕਰਵਾਉਣ ਦੇ ਜੋਖਮ ਸਮਝਣ ਦੇ ਕਾਬਲ ਹੋਣ, ਕਾਨੂੰਨੀ ਤੌਰ ਤੇ ਇਮਿਊਨਾਈਜ਼ੇਸ਼ਨ ਲਈ ਸਹਿਮਤ ਹੋ ਸਕਦੇ ਜਾਂ ਇਨਕਾਰ ਕਰ ਸਕਦੇ ਹਨ।ਸਿਆਣੇ ਨਾਬਾਲਗਾਂ ਦੀ ਸਹਿਮਤੀ ਬਾਰੇ ਹੋਰ ਜਾਣਕਾਰੀ ਵਾਸਤੇ HealthLinkBC File #119 ਦ ਇੰਨਫੈਂਟਸ ਐਕਟ, ਸਿਆਣੇ ਨਾਬਾਲਗਾਂ ਦੀ ਸਹਿਮਤੀ ਅਤੇ ਇਮਿਊਨਾਈਜ਼ੇਸ਼ਨ ਦੇਖੋ।.

ਇਮਿਊਨਾਈਜ਼ੇਸ਼ਨ ਬਾਰੇ ਹੋਰ ਜ਼ਿਆਦਾ ਜਾਣਕਾਰੀ ਲਈ ਇਮਿਊਨਾਈਜ਼ ਬੀ.ਸੀ. ਦੀ ਇਹ ਵੈੱਬਸਾਈਟ https://immunizebc.ca/. ਦੇਖੋ।

ਹੈਲਥਲਿੰਕਬੀਸੀ ਫਾਇਲਾਂ ਦੇ ਹੋਰ ਵਿਸ਼ਿਆਂ ਵਾਸਤੇ, www.HealthLinkBC.ca/healthfiles ਤੇ ਜਾਂ ਆਪਣੇ ਸਥਾਨਕ ਪਬਲਿਕ ਹੈਲਥ ਯੂਨਿਟ ਕੋਲ ਜਾਓ।ਬੀ. ਸੀ. ਵਿੱਚ ਸਿਹਤ ਸੰਬੰਧੀ ਨੌਨ-ਐਮਰਜੈਂਸੀ ਜਾਣਕਾਰੀ ਅਤੇ ਸਲਾਹ ਲਈ, www.HealthLinkBC.ca ਤੇ ਜਾਓ ਜਾਂ **8-1-1** (ਟੋਲ ਫ੍ਰੀ) ਤੇ ਫੋਨ ਕਰੋ।ਬਹਿਰੇ ਅਤੇ ਸੁਣਨ ਸੰਬੰਧੀ ਵਿਕਾਰ ਲਈ ਸਹਾਇਤਾ ਵਾਸਤੇ, **7-1-1** ਤੇ ਫੋਨ ਕਰੋ। ਬੇਨਤੀ ਕਰਨ ਤੇ 130 ਤੋਂ ਵੱਧ ਭਾਸ਼ਾਵਾਂ ਵਿੱਚ ਅਨੁਵਾਦ ਸੇਵਾਵਾਂ ਉਪਲਬਧ ਹਨ।